ਆਸਾ ਮਹਲਾ ੫ ॥ ਆਗੈ ਹੀ ਤੇ ਸਭੁ ਕਿਛੁ ਹੂਆ ਅਵਰੁ ਕਿ ਜਾਣੈ ਗਿਆਨਾ ॥ ਭੂਲ ਚੂਕ ਅਪਨਾ ਬਾਰਿਕੁ ਬਖਸਿਆ ਪਾਰਬ੍ਰਹਮ ਭਗਵਾਨਾ ॥੧ ॥ ਸਤਿਗੁਰੁ ਮੇਰਾ ਸਦਾ ਦਇਆਲਾ ਮੋਹਿ ਦੀਨ ਕਉ ਰਾਖਿ ਲੀਆ ॥ ਕਾਟਿਆ ਰੋਗੁ ਮਹਾ ਸੁਖੁ ਪਾਇਆ ਹਰਿ ਅੰਮ੍ਰਿਤੁ ਮੁਖਿ ਨਾਮੁ ਦੀਆ ॥੧॥ ਰਹਾਉ ॥ ਅਨਿਕ ਪਾਪ ਮੇਰੇ ਪਰਹਰਿਆ ਬੰਧਨ ਕਾਟੇ ਮੁਕਤ ਭਏ ॥ ਅੰਧ ਕੂਪ ਮਹਾ ਘੋਰ ਤੇ ਬਾਹ ਪਕਰਿ ਗੁਰਿ ਕਾਢਿ ਲੀਏ ॥੨॥ ਨਿਰਭਉ ਭਏ ਸਗਲ ਭਉ ਮਿਟਿਆ ਰਾਖੇ ਰਾਖਨਹਾਰੇ ॥ ਐਸੀ ਦਾਤਿ ਤੇਰੀ ਪ੍ਰਭ ਮੇਰੇ ਕਾਰਜ ਸਗਲ ਸਵਾਰੇ ॥੩॥ ਗੁਣ ਨਿਧਾਨ ਸਾਹਿਬ ਮਨਿ ਮੇਲਾ ॥ ਸਰਣਿ ਪਇਆ ਨਾਨਕ ਸੋੁਹੇਲਾ ॥੪॥੯॥੪੮॥ {ਪੰਨਾ 383}

ਪਦਅਰਥ:- ਆਗੈ ਹੀ ਤੇ —ਧੁਰ ਦਰਗਾਹ ਤੋਂ ਹੀ। ਕਿ —ਕੇਹੜਾ? ਭੂਲ ਚੂਕ —ਭੁੱਲਾਂ ਚੁੱਕਾਂ, ਗ਼ਲਤੀਆਂ।1।

ਮੋਹਿ—ਮੈਨੂੰ। ਕਉ —ਨੂੰ। ਦੀਨ —ਕੰਗਾਲ। ਮੁਖਿ —ਮੂੰਹ ਵਿਚ। ਅੰਮ੍ਰਿਤੁ —ਆਤਮਕ ਜੀਵਨ ਦੇਣ ਵਾਲਾ ਜਲ।1। ਰਹਾਉ।

ਪਰਹਰਿਆ—ਦੂਰ ਕਰ ਦਿੱਤੇ। ਮੁਕਤ —ਸੁਤੰਤਰ। ਕੂਪ—ਖੂਹ। ਤੇ—ਤੋਂ, ਵਿਚੋਂ। ਅੰਧ ਘੋਰ —ਘੁੱਪ ਹਨੇਰਾ। ਪਕਰਿ—ਫੜ ਕੇ। ਗੁਰਿ—ਗੁਰੂ ਨੇ।2।

ਰਾਖਨਹਾਰੇ—ਬਚਾਣ ਦੀ ਸਮਰੱਥਾ ਰੱਖਣ ਵਾਲੇ ਪ੍ਰਭੂ ਨੇ। ਸਗਲ—ਸਾਰੇ।3।

ਮਨਿ—ਮਨ ਵਿਚ। ਮੇਲਾ—ਮਿਲਾਪ। ਸੋੁਹੇਲਾ—ਸੌਖਾ {ਨੋਟ:- ਅੱਖਰ 'ਸ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ। ਅਸਲ ਲਫ਼ਜ਼ ਹੈ 'ਸੁਹੇਲਾ', ਪਰ ਇਥੇ ਇਸ ਨੂੰ 'ਸੋਹੇਲਾ' ਪੜ੍ਹਨਾ ਹੈ}।

ਅਰਥ:- (ਹੇ ਭਾਈ!) ਮੇਰਾ ਸਤਿਗੁਰੂ ਸਦਾ ਹੀ ਦਇਆਵਾਨ ਰਹਿੰਦਾ ਹੈ ਉਸ ਨੇ ਮੈਨੂੰ (ਆਤਮਕ ਜੀਵਨ ਦੇ ਸਰਮਾਏ ਵਲੋਂ ) ਕੰਗਾਲ ਨੂੰ (ਆਤਮਕ ਮੌਤ ਲਿਆਉਣ ਵਾਲੇ ਰੋਗ ਤੋਂ ) ਬਚਾ ਲਿਆ। (ਸਤਿਗੁਰੂ ਨੇ) ਮੇਰੇ ਮੂੰਹ ਵਿਚ ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ -ਜਲ ਪਾਇਆ (ਮੇਰਾ ਵਿਕਾਰਾਂ ਦਾ ) ਰੋਗ ਕੱਟਿਆ ਗਿਆ , ਮੈਨੂੰ ਬੜਾ ਆਤਮਕ ਆਨੰਦ ਪ੍ਰਾਪਤ ਹੋਇਆ। 1। ਰਹਾਉ।

ਜੋ ਬਖ਼ਸ਼ਸ਼ ਮੇਰੇ ਉਤੇ ਹੋਈ ਹੈ ਧੁਰੋਂ ਹੀ ਹੋਈ ਹੈ —ਇਸ ਤੋਂ ਬਿਨਾ ਜੀਵ ਹੋਰ ਕੀ ਗਿਆਨ ਸਮਝ ਸਕਦਾ ਹੈ? ਮੇਰੀਆਂ ਅਨੇਕਾਂ ਭੁੱਲਾਂ ਚੁੱਕਾਂ ਵੇਖ ਕੇ ਭੀ ਪਾਰਬ੍ਰਹਮ ਭਗਵਾਨ ਨੇ ਮੈਨੂੰ ਆਪਣੇ ਬਾਲਕ ਨੂੰ ਬਖ਼ਸ਼ ਲਿਆ ਹੈ।1।

(ਹੇ ਭਾਈ!) ਗੁਰੂ ਨੇ ਮੇਰੇ ਅਨੇਕਾਂ ਪਾਪ ਦੂਰ ਕਰ ਦਿੱਤੇ ਹਨ, ਮੇਰੇ (ਮਾਇਆ ਦੇ ਮੋਹ ਦੇ) ਬੰਧਨ ਕੱਟ ਦਿੱਤੇ ਹਨ ਮੈਂ (ਮੋਹ ਦੇ ਬੰਧਨਾਂ ਤੋਂ ) ਸੁਤੰਤਰ ਹੋ ਗਿਆ ਹਾਂ। ਗੁਰੂ ਨੇ ਮੇਰੀ ਬਾਂਹ ਫੜ ਕੇ ਮੈਨੂੰ (ਮਾਇਆ ਦੇ ਮੋਹ ਦੇ) ਘੁੱਪ ਹਨੇਰੇ ਖੂਹ ਵਿਚੋਂ ਕੱਢ ਲਿਆ ਹੈ।2।

(ਹੇ ਭਾਈ! ਵਿਕਾਰਾਂ ਤੋਂ) ਬਚਾ ਸਕਣ ਦੀ ਤਾਕਤ ਰੱਖਣ ਵਾਲੇ ਪਰਮਾਤਮਾ ਨੇ (ਮੈਨੂੰ ਵਿਕਾਰਾਂ ਤੋਂ) ਬਚਾ ਲਿਆ ਹੈ, ਹੁਣ (ਮਾਇਆ ਦੇ ਹੱਲਿਆਂ ਵਲੋਂ ) ਬੇ-ਫ਼ਿਕਰ ਹਾਂ (ਇਸ ਪਾਸੇ ਵਲੋਂ ) ਮੇਰਾ ਹਰੇਕ ਕਿਸਮ ਦਾ ਡਰ-ਖ਼ਤਰਾ ਮੁੱਕ ਗਿਆ ਹੈ। ਹੇ ਮੇਰੇ ਪ੍ਰਭੂ! ਤੇਰੀ ਅਜੇਹੀ ਬਖ਼ਸ਼ਸ਼ ਮੇਰੇ ਉੱਤੇ ਹੋਈ ਹੈ ਕਿ ਮੇਰੇ (ਆਤਮਕ ਜੀਵਨ ਦੇ) ਸਾਰੇ ਹੀ ਕਾਰਜ ਸਿਰੇ ਚੜ੍ਹ ਗਏ ਹਨ।3।

ਹੇ ਨਾਨਕ! (ਆਖ—ਹੇ ਭਾਈ!) ਗੁਣਾਂ ਦੇ ਖ਼ਜ਼ਾਨੇ ਮਾਲਕ-ਪ੍ਰਭੂ ਦਾ ਮੇਰੇ ਮਨ ਵਿਚ ਮਿਲਾਪ ਹੋ ਗਿਆ ਹੈ (ਜਦੋਂ ਦਾ ਗੁਰੂ ਦੀ ਕਿਰਪਾ ਨਾਲ ) ਮੈਂ (ਉਸ ਦੀ) ਸਰਨ ਪਿਆ ਹਾਂ ਮੈਂ ਸੌਖਾ ਹੋ ਗਿਆ ਹਾਂ। 4।9। 48।